15ਵੀਂ ਵਿਧਾਨ ਸਭਾ
ਦਸਵਾਂ (ਵਿਸ਼ੇਸ਼) ਸਮਾਗਮ

# ਪੰਜਾਬ ਵਿਧਾਨ ਸਭਾ
## ਕਾਰਜ-ਸੂਚੀ

ਸ਼ੁੱਕਰਵਾਰ, 17 ਜਨਵਰੀ, 2020
10.00 ਵਜੇ ਸਵੇਰੇ

----------

## I. ਅਕਾਲ ਚਲਾਣਿਆਂ ਦਾ ਵਰਨਣ

ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਨਣ ਕੀਤਾ ਜਾਵੇਗਾ:-

1. ਸਰਦਾਰ ਜਸਬੀਰ ਸਿੰਘ, ਸਾਬਕਾ ਮੰਤਰੀ;
2. ਸਰਦਾਰ ਸੁਖਦੇਵ ਸਿੰਘ ਸ਼ਹਿਬਾਜ਼ਪੁਰੀ, ਸਾਬਕਾ ਮੰਤਰੀ;
3. ਕਾਮਰੇਡ ਬੂਟਾ ਸਿੰਘ, ਸਾਬਕਾ ਐਮ.ਐਲ.ਏ;
4. ਸ਼੍ਰੀਮਤੀ ਦਲਜੀਤ ਕੌਰ, ਸਾਬਕਾ ਐਮ.ਐਲ.ਏ;
5. ਸ਼੍ਰੀ ਰਾਜ ਕੁਮਾਰ, ਸੁਤੰਤਰਤਾ ਸੰਗਰਾਮੀ;
6. ਸ਼੍ਰੀ ਜੀਵਨ ਸਿੰਘ, ਸੁਤੰਤਰਤਾ ਸੰਗਰਾਮੀ;
7. ਸ਼੍ਰੀ ਮਹਿੰਦਰ ਸਿੰਘ ਸਲੂਜਾ, ਸੁਤੰਤਰਤਾ ਸੰਗਰਾਮੀ;
8. ਬ੍ਰਿਗੇਡੀਅਰ ਮਨਜੀਤ ਸਿੰਘ;
9. ਸ਼੍ਰੀ ਮੁਹੰਮਦ ਸ਼ਰੀਫ ਈਦੂ, ਮਸ਼ਹੂਰ ਗਾਇਕ; ਅਤੇ
10. ਸ਼੍ਰੀ ਸ਼ੰਗਾਰਾ ਸਿੰਘ ਭੁੱਲਰ, ਸੰਪਾਦਕ।

## II. ਮਾਨਯੋਗ ਸਪੀਕਰ/ਸਕੱਤਰ ਦੁਆਰਾ ਘੋਸ਼ਣਾ

## III. ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ

ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ-

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦਾ ਚਾਲੂ ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਸਾਕੇਠ
Superintendent
Punjab Vidhan Sabha
Chandigarh

## IV. ਨਿਯਮ 16 ਅਧੀਨ ਪ੍ਰਸਤਾਵ

ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ <u>ਅਣਮਿੱਥੇ ਸਮੇਂ</u> ਲਈ ਸਥੱਗਿਤ ਹੋ ਜਾਵੇਗੀ।

ਪਰਤੋਂ ਜੀ.....

## V. ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ

| | | |
|---|---|---|
| 1. | ਇੱਕ ਮੰਤਰੀ | ਸੰਸਦ ਦੇ ਦੋਵੇਂ ਸਦਨਾਂ ਦੁਆਰਾ ਪਾਸ ਕੀਤੇ ਗਏ ਸੰਵਿਧਾਨ (126ਵੀਂ ਸੋਧਨਾ) ਬਿਲ, 2019 ਸਦਨ ਦੀ ਮੇਜ਼ ਤੇ ਰੱਖਣਗੇ। |
| 2. | ਇੱਕ ਮੰਤਰੀ | ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ (ਸੋਧਨਾ) ਆਰਡੀਨੈਂਸ, 2019 (2019 ਦਾ ਪੰਜਾਬ ਆਰਡੀਨੈਂਸ ਨੰ.5) ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਭਾਰਤ ਦੇ ਸੰਵਿਧਾਨ ਦੇ ਅਨੁਛੇਦ 213(2)(ੳ) ਅਧੀਨ ਲੋੜੀਂਦਾ ਹੈ। |
| 3. | ਇੱਕ ਮੰਤਰੀ | ਸਾਲ 2016-17 ਲਈ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਿਟੀ (ਗਲਾਡਾ) ਦੇ ਲੇਖਿਆਂ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ। |
| 4. | ਇੱਕ ਮੰਤਰੀ | ਸਾਲ 2015-16 ਲਈ ਪਟਿਆਲਾ ਸ਼ਹਿਰੀ ਯੋਜਨਾ ਅਤੇ ਵਿਕਾਸ ਅਥਾਰਟੀ ਦੀ ਸਾਲਾਨਾ ਆਡਿਟ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(1) ਅਧੀਨ ਲੋੜੀਂਦਾ ਹੈ। |
| 5. | ਇੱਕ ਮੰਤਰੀ | ਸਾਲ 2016 ਲਈ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 25(4) ਅਧੀਨ ਲੋੜੀਂਦਾ ਹੈ। |
| 6. | ਇੱਕ ਮੰਤਰੀ | ਸਾਲ 2018-19 ਲਈ ਪੰਜਾਬ ਰਾਜ ਜੰਗਲਾਤ ਵਿਕਾਸ ਨਿਗਮ ਲਿਮਟਿਡ ਦੀ 36ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ। |
| 7. | ਇੱਕ ਮੰਤਰੀ | ਸਾਲ 2016-17 ਲਈ ਪੰਜਾਬ ਰਾਜ ਬੀਜ ਨਿਗਮ ਲਿਮਟਿਡ ਦੀ 41ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ। |
| 8. | ਇੱਕ ਮੰਤਰੀ | ਸਾਲ 2015-16 ਲਈ ਪੰਜਾਬ ਸੈਰ-ਸਪਾਟਾ ਵਿਕਾਸ ਨਿਗਮ ਲਿਮਟਿਡ ਦੀ 37ਵੀਂ ਸਾਲਾਨਾ ਰਿਪੋਰਟ ਅਤੇ ਲੇਖੇ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ। |

## VI. ਰਿਪੋਰਟਾਂ ਪੇਸ਼ ਕਰਨਾ

| | | |
|---|---|---|
| 1. | ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ | ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ. ਦੁਆਰਾ ਸਰਦਾਰ ਪਰਮਿੰਦਰ ਸਿੰਘ ਬੜਿਆਣਾ, ਪੰਜਾਬੀ ਮਾਸਟਰ, ਜੀ.ਐਚ.ਐਸ, ਨੰਗਲ ਈਸ਼ਰ, ਹੁਸ਼ਿਆਰਪੁਰ ਵਿਰੁੱਧ ਉਠਾਏ ਗਏ ਵਿਸ਼ੇਸ਼ ਅਧਿਕਾਰ ਦੇ ਮਾਮਲੇ ਸਬੰਧੀ ਵਿਸ਼ੇਸ਼ ਅਧਿਕਾਰ ਕਮੇਟੀ ਦੀ ਰਿਪੋਰਟ ਪੇਸ਼ ਕਰਨਗੇ। |
| 2. | ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ | ਵਿਸ਼ੇਸ਼ ਅਧਿਕਾਰ ਦੇ ਮਾਮਲਿਆਂ ਸਬੰਧੀ ਨਿਮਨਲਿਖਤ ਦੁਆਰਾ ਉਠਾਏ ਗਏ ਮਾਮਲਿਆਂ ਤੇ ਚੌਥੀ/ਪੰਜਵੀ/ਛੇਵੀ ਅੰਤਰਿਮ ਰਿਪੋਰਟਾਂ ਪੇਸ਼ ਕਰਨਗੇ:-<br>i) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਦੁਆਰਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;<br>ii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;<br>iii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;<br>iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਦੁਆਰਾ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ; ਅਤੇ |

Superintendent
Punjab Vidhan Sabha
Chandigarh

v) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਦੁਆਰਾ ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ. ਦੇ ਵਿਰੁੱਧ।

## VII. ਵਿਧਾਨਕ ਕੰਮ-ਕਾਰ

| | | | |
|---|---|---|---|
| 1. | ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020 | ਇੱਕ ਮੰਤਰੀ | ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020 ਪੇਸ਼ ਕਰਨਗੇ।<br>ਪ੍ਰਸਤਾਵ ਕਰਨਗੇ ਕਿ ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020 ਤੇ ਤੁਰੰਤ ਵਿਚਾਰ ਕੀਤਾ ਜਾਵੇ।<br><br>ਇਹ ਵੀ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ। |
| 2. | ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020 | ਇੱਕ ਮੰਤਰੀ | ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020 ਪੇਸ਼ ਕਰਨਗੇ।<br>ਪ੍ਰਸਤਾਵ ਕਰਨਗੇ ਕਿ ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020 ਤੇ ਤੁਰੰਤ ਵਿਚਾਰ ਕੀਤਾ ਜਾਵੇ।<br><br>ਇਹ ਵੀ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ। |
| 3. | ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020<br><br>(ਆਰਡੀਨੈਂਸ ਦੀ ਥਾਂ ਲੈਣ ਲਈ) | ਇੱਕ ਮੰਤਰੀ | ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020 ਪੇਸ਼ ਕਰਨਗੇ।<br>ਪ੍ਰਸਤਾਵ ਕਰਨਗੇ ਕਿ ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020 ਤੇ ਤੁਰੰਤ ਵਿਚਾਰ ਕੀਤਾ ਜਾਵੇ।<br><br>ਇਹ ਵੀ ਪ੍ਰਸਤਾਵ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ। |

## VIII. ਸਰਕਾਰੀ ਮਤਾ

ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ:-

"ਸੰਸਦ ਦੁਆਰਾ ਨਾਗਰਿਕਤਾ (ਸੋਧਨਾ) ਐਕਟ, 2019 (ਸੀ.ਏ.ਏ) ਕਾਨੂੰਨ ਬਣਾਉਣ ਦੇ ਕਾਰਣ ਦੇਸ਼ ਭਰ ਵਿੱਚ ਵਿਆਪਕ ਤੌਰ ਤੇ ਵਿਰੋਧ ਦੇ ਨਾਲ-ਨਾਲ ਦੇਸ਼ ਵਿਆਪੀ ਗੁੱਸਾ ਅਤੇ ਸਮਾਜਿਕ ਅਰਾਜਕਤਾ ਫੈਲ ਗਈ ਹੈ। ਪੰਜਾਬ ਰਾਜ ਨੇ ਵੀ ਇਸ ਕਾਨੂੰਨ ਦੇ ਵਿਰੁੱਧ ਗਵਾਹੀ ਭਰੀ, ਜਿਸ ਵਿੱਚ ਸਮਾਜ ਦੇ ਸਾਰੇ ਫਿਰਕਿਆਂ ਨੇ ਇਸ ਵਿਰੁੱਧ ਲਾਮਬੰਦ ਹੋਕੇ ਸ਼ਾਂਤਮਈ ਢੰਗ ਨਾਲ ਮੁਜ਼ਾਹਰੇ ਕੀਤੇ।

ਸੀ.ਏ.ਏ ਧਰਮ ਨਿਰਪੱਖਤਾ ਦੇ ਢਾਂਚੇ ਨੂੰ ਅਸਵੀਕਾਰ ਕਰਨ ਦੀ ਮੰਗ ਕਰਦਾ ਹੈ ਜਿਸ ਉੱਤੇ ਸਾਡੇ ਭਾਰਤ ਦਾ ਸੰਵਿਧਾਨ ਅਧਾਰਿਤ ਹੈ। ਇਹ ਵੱਖਰੇਵਾਂ ਪੈਦਾ ਕਰਦਾ ਹੈ ਅਤੇ ਇੱਕ ਸੁਤੰਤਰ ਅਤੇ ਨਿਰਪੱਖ ਲੋਕਤੰਤਰ ਦੇ ਵਿਰੁੱਧ ਹੋਣ ਦੀ ਹਾਮੀ ਭਰਦਾ ਹੈ ਜੋ ਕਿ ਸਾਰਿਆਂ ਨੂੰ ਸਮਾਨਤਾ ਨਾਲ ਜੋੜ ਕੇ ਰੱਖਣ ਵਾਲਾ ਹੋਣਾ ਚਾਹੀਦਾ ਹੈ। ਇਸਦੇ ਨਾਲ-ਨਾਲ ਨਾਗਰਿਕਤਾ ਦੇਣ ਵਿੱਚ ਧਰਮ ਦੇ ਅਧਾਰ ਤੇ ਵਿਤਕਰਾ ਕਰਦਾ ਹੈ। ਇਸ ਦਾ ਇਹ ਖਦਸ਼ਾ ਹੈ ਕਿ ਸੀ.ਏ.ਏ ਸਾਡੇ ਲੋਕਾਂ ਦੇ ਕੁੱਝ ਵਰਗਾਂ ਦੀ ਭਾਸ਼ਾਈ ਅਤੇ ਸੱਭਿਆਚਾਰਕ ਪਛਾਣ ਖਤਮ ਹੋਣ ਦੀ ਸੰਭਾਵਨਾ ਵੀ ਪੈਦਾ ਕਰਦਾ ਹੈ। ਸੀ.ਏ.ਏ ਭਾਰਤ ਦੇ ਵਿਦੇਸ਼ੀ ਨਾਗਰਿਕ ਕਾਰਡ ਧਾਰਕਾਂ ਦੀ ਰਜਿਸਟਰੇਸ਼ਨ ਰੱਦ ਕਰਨ ਸਬੰਧੀ ਵੀ ਵਿਚਾਰ ਕਰਦਾ ਹੈ, ਜੇਕਰ ਉਹ ਕਿਸੇ ਕਾਨੂੰਨ ਦੀ ਉਲੰਘਣਾ ਕਰਦੇ ਹੋਣ।

ਸੀ.ਏ.ਏ ਦਾ ਉਦੇਸ਼ ਧਰਮ ਦੇ ਆਧਾਰ ਤੇ ਪਰਵਾਸੀਆਂ ਵਿੱਚ ਵਖਰੇਵਾਂ ਪੈਦਾ ਕਰਨਾ ਹੈ, ਜਿਹੜਾ ਕਿ ਸੰਵਿਧਾਨ ਅਧੀਨ ਪ੍ਰਵਾਨ ਨਹੀਂ ਹੈ। ਇਹ ਸੰਵਿਧਾਨ ਦੇ ਅਨੁਛੇਦ 14 ਦੀ ਉਲੰਘਣਾ ਵੀ ਹੈ, ਜਿਹੜਾ ਕਿ ਸਾਰੇ ਵਿਅਕਤੀਆਂ ਨੂੰ ਕਾਨੂੰਨ ਅਧੀਨ ਸਮਾਨਤਾ ਦਾ ਅਧਿਕਾਰ ਅਤੇ ਬਰਾਬਰਤਾ ਦੀ ਸੁਰੱਖਿਆ ਦੀ ਗਾਰੰਟੀ ਦਿੰਦਾ ਹੈ।

Superintendent
Punjab Vidhan Sabha
Chandigarh

ਪਰਤੋਂ ਜੀ.....

ਸੀ.ਏ.ਏ ਹਿੰਦੂਆਂ, ਸਿੱਖਾਂ, ਬੋਧੀਆਂ, ਜੈਨੀਆਂ, ਪਾਰਸੀਆਂ ਅਤੇ ਇਸਾਈਆਂ ਜੋ 31 ਦਸੰਬਰ, 2014 ਤੋਂ ਪਹਿਲਾਂ ਭਾਰਤ ਵਿੱਚ ਪ੍ਰਵਾਸ ਕਰ ਗਏ ਸਨ, ਨੂੰ ਨਾਗਰਿਕਤਾ ਦੇਣ ਦੀ ਵਿਵਸਥਾ ਕਰਦਾ ਹੈ, ਪ੍ਰੰਤੂ ਮੁਸਲਿਮ ਭਾਈਚਾਰੇ ਦੇ ਮੈਂਬਰਾਂ ਅਤੇ ਦੂਸਰੇ ਹੋਰ ਜਿਵੇਂ ਕਿ ਯਹੂਦੀਆਂ ਨੂੰ ਨਹੀਂ। ਸੀ.ਏ.ਏ ਦੇ ਪਿੱਛੇ ਵਿਚਾਰਧਾਰਾ ਸੁਭਾਵਕ ਤੌਰ ਤੇ ਪੱਖਪਾਤੀ ਅਤੇ ਮਨੁੱਖਤਾਵਾਦ ਤੋਂ ਬਹੁਤ ਦੂਰ ਹੈ।

ਇਨ੍ਹਾਂ ਤੱਥਾਂ ਦੇ ਪਿਛੋਕੜ ਵਿਚ, ਇਹ ਸੱਪਸ਼ਟ ਹੈ ਕਿ ਸੀ.ਏ.ਏ ਭਾਰਤ ਦੀ ਧਰਮ ਨਿਰਪੱਖ ਪਛਾਣ ਜੋ ਕਿ ਸਾਡੇ ਸੰਵਿਧਾਨ ਦੀ ਮੂਲ ਵਿਸ਼ੇਸ਼ਤਾ ਹੈ, ਦੀ ਉਲੰਘਣਾ ਕਰਦਾ ਹੈ। ਇਸ ਲਈ ਇਹ ਸਦਨ ਭਾਰਤ ਸਰਕਾਰ ਨੂੰ ਬਿਨਾ ਕਿਸੇ ਭੇਦ-ਭਾਵ ਤੋਂ ਧਰਮ ਦੇ ਆਧਾਰ ਤੇ ਨਾਗਰਿਕਤਾ ਪ੍ਰਦਾਨ ਕਰਨ ਲਈ ਅਤੇ ਭਾਰਤ ਵਿਚ ਸਾਰੇ ਧਾਰਮਿਕ ਗਰੁੱਪਾਂ ਲਈ ਕਾਨੂੰਨ ਦੇ ਸਨਮੁੱਖ ਸਮਾਨਤਾ ਬਣਾਏ ਰੱਖਣ ਨੂੰ ਯਕੀਨੀ ਬਣਾਉਣ ਲਈ ਸੀ.ਏ.ਏ ਨੂੰ ਮਨਸੂਖ ਕਰਨ ਲਈ ਅਨੁਰੋਧ ਕਰਨ ਦਾ ਮਤਾ ਪਕਾਉਂਦਾ ਹੈ।

ਨੈਸ਼ਨਲ ਰਜਿਸਟਰ ਆਫ ਸਿਟੀਜ਼ਨ (ਐਨ.ਆਰ.ਸੀ) ਸਬੰਧੀ ਪੈਦਾ ਹੋਏ ਡਰ ਕਿ ਨੈਸ਼ਨਲ ਪਾਪੂਲੇਸ਼ਨ ਰਜਿਸਟਰ ਵਿਅਕਤੀਆਂ ਦੇ ਇਕ ਵਰਗ ਨੂੰ ਭਾਰਤੀ ਨਾਗਰਿਕਤਾ ਤੋਂ ਵਾਂਝੇ ਕਰਨ ਲਈ ਤਿਆਰ ਕੀਤੇ ਐਨ.ਆਰ.ਸੀ ਦੇ ਰੂਪ ਵਿੱਚ ਇੱਕ ਸ਼ੁਰੂਆਤੀ ਕਦਮ ਅਤੇ ਸੀ.ਏ.ਏ ਨੂੰ ਲਾਗੂ ਕਰਨਾ ਹੈ। ਇਹ ਸਦਨ ਹੋਰ ਮਤਾ ਪਕਾਉਂਦਾ ਹੈ ਕਿ ਕੇਂਦਰ ਸਰਕਾਰ ਨੂੰ ਲੋਕਾਂ ਦੇ ਦਿਮਾਗ ਵਿੱਚ ਅਜਿਹੇ ਖਦਸ਼ੇ ਨੂੰ ਘੱਟ ਕਰਨ ਲਈ ਐਨ.ਪੀ.ਆਰ ਨਾਲ ਸਬੰਧਤ ਫਾਰਮ/ਦਸਤਾਵੇਜ਼ਾਂ ਦੀ ਸੋਧ ਕਰਨੀ ਚਾਹੀਦੀ ਹੈ ਅਤੇ ਇਸ ਤੋਂ ਬਾਅਦ ਹੀ ਐਨ.ਪੀ.ਆਰ ਅਧੀਨ ਗਣਨਾ ਦਾ ਕੰਮ ਕਰਨਾ ਚਾਹੀਦਾ ਹੈ।"

## IX. ਭਾਰਤ ਦੇ ਸੰਵਿਧਾਨ ਦੇ ਅਨੁਛੇਦ 368 ਅਧੀਨ ਮਤਾ

ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ ਇਹ ਸਦਨ ਅਨੁਛੇਦ 368 ਦੀ ਕਲਾਜ਼ (2) ਦੀ ਸ਼ਰਤੀ ਧਾਰਾ ਦੀ ਕਲਾਜ਼ (ਸ) ਦੇ ਉਪਬੰਧ ਅਧੀਨ ਆਉਂਦੀਆਂ ਭਾਰਤ ਦੇ ਸੰਵਿਧਾਨ ਦੀਆ ਸੋਧਾਂ, ਸੰਵਿਧਾਨ (126ਵੀਂ ਸੋਧਨਾ) ਬਿਲ, 2019 ਦੁਆਰਾ ਕੀਤੀਆਂ ਜਾਣੀਆਂ ਤਜਵੀਜ਼ਤ ਹਨ, ਜਿਵੇਂ ਕਿ ਸੰਸਦ ਦੇ ਦੋਵੇ ਸਦਨਾਂ ਦੁਆਰਾ ਪਾਸ ਕੀਤੀਆਂ ਗਈਆਂ ਹਨ, ਦੀ ਪੁਸ਼ਟੀ ਕਰਦਾ ਹੈ।"

ਚੰਡੀਗੜ੍ਹ;
16 ਜਨਵਰੀ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।

---

Superintendent
Punjab Vidhan Sabha
Chandigarh